**ਜਾਗੁ ਸਲੋਨੜੀਏ ਬੋਲੈ ਗੁਰਬਾਣੀ ਰਾਮ ॥ ਜਿਨਿ ਸੁਣਿ ਮੰਨਿਅੜੀ ਅਕਥ ਕਹਾਣੀ ਰਾਮ ॥ ਅਕਥ ਕਹਾਣੀ ਪਦੁ ਨਿਰਬਾਣੀ ਕੋ ਵਿਰਲਾ ਗੁਰਮੁਖਿ ਬੂਝਏ ॥ ਓਹੁ ਸਬਦਿ ਸਮਾਏ ਆਪੁ ਗਵਾਏ ਤ੍ਰਿਭਵਣ ਸੋਝੀ ਸੂਝਏ ॥ ਰਹੈ ਅਤੀਤੁ ਅਪਰੰਪਰਿ ਰਾਤਾ ਸਾਚੁ ਮਨਿ ਗੁਣ ਸਾਰਿਆ ॥ ਓਹੁ ਪੂਰਿ ਰਹਿਆ ਸਰਬ ਠਾਈ ਨਾਨਕਾ ਉਰਿ ਧਾਰਿਆ ॥੩॥** {ਪੰਨਾ 844}

ਪਦਅਰਥ:- ਜਾਗੁ—(ਮਾਇਆ ਦੇ ਹੱਲਿਆਂ ਵਲੋਂ) ਸਾਵਧਾਨ ਰਹੁ। ਲੋਇਣ—ਅੱਖਾਂ। ਸਲੋਨੜੀਏ—ਹੇ ਸੋਹਣੇ ਨੇਤ੍ਰਾਂ ਵਾਲੀ ਜੀਵ-ਇਸਤ੍ਰੀਏ! ਬੋਲੈ—ਬੋਲਦੀ ਹੈ, ਜਗਾਂਦੀ ਹੈ, ਸਾਵਧਾਨ ਕਰਦੀ ਹੈ। ਜਿਨਿ—ਜਿਸ ਨੇ। ਸੁਣਿ—ਸੁਣ ਕੇ। ਅਕਥ ਕਹਾਣੀ—ਅਕੱਥ ਪ੍ਰਭੂ ਦੀ ਸਿਫ਼ਤਿ-ਸਾਲਾਹ। ਅਕਥ—ਅ-ਕੱਥ, ਜਿਸ ਦਾ ਸਹੀ ਸਰੂਪ ਬਿਆਨ ਨਾਹ ਕੀਤਾ ਜਾ ਸਕੇ। ਪਦੁ—ਆਤਮਕ ਦਰਜਾ। ਨਿਰਬਾਣ—ਵਾਸਨਾ-ਰਹਿਤ। ਕੋ—ਕੋਈ। ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ। ਬੂਝਏ—ਬੂਝੈ, ਸਮਝਦਾ ਹੈ। ਸਬਦਿ—ਗੁਰੂ ਦੇ ਸ਼ਬਦ ਵਿਚ। ਆਪੁ—ਆਪਾ-ਭਾਵ। ਤ੍ਰਿਭਵਣ ਸੋਝੀ—ਸਾਰੇ ਜਗਤ ਵਿਚ ਵਿਆਪਕ ਪ੍ਰਭੂ ਦੀ ਸੂਝ। ਅਤੀਤੁ—ਵਿਰਕਤ, ਮਾਇਆ ਦੇ ਮੋਹ ਤੋਂ ਪਰੇ। ਅਪਰੰਪਰਿ—ਪਰੇ ਤੋਂ ਪਰੇ ਪ੍ਰਭੂ ਵਿਚ, ਬੇਅੰਤ ਪ੍ਰਭੂ ਵਿਚ। ਰਾਤਾ—ਮਸਤ। ਸਾਚੁ—ਸਦਾ-ਥਿਰ ਪ੍ਰਭੂ। ਮਨਿ—ਮਨ ਵਿਚ। ਸਾਰਿਆ—ਸੰਭਾਲਦਾ ਹੈ। ਓਹੁ—ਉਹ (ਅਪਰੰਪਰ ਪ੍ਰਭੂ)। ਸਰਬ ਠਾਈ—ਸਭਨੀਂ ਥਾਈਂ। ਉਰਿ—ਹਿਰਦੇ ਵਿਚ।3।

ਅਰਥ:- ਹੇ ਸੋਹਣੇ ਨੇਤ੍ਰਾਂ ਵਾਲੀ ਜੀਵ-ਇਸਤ੍ਰੀਏ! (ਮਾਇਆ ਦੇ ਹੱਲਿਆਂ ਵਲੋਂ) ਸਾਵਧਾਨ ਰਹੁ, (ਤੈਨੂੰ) ਗੁਰੂ ਦੀ ਬਾਣੀ ਜਗਾ ਰਹੀ ਹੈ। ਜਿਸ (ਜੀਵ-ਇਸਤ੍ਰੀ) ਨੇ (ਗੁਰੂ ਦੀ ਬਾਣੀ) ਸੁਣ ਕੇ (ਉਸ ਵਿਚ) ਸਰਧਾ ਬਣਾਈ ਹੈ, ਉਹ ਅਕੱਥ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਨ ਲੱਗ ਪੈਂਦੀ ਹੈ। ਅਕੱਥ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਰਕਤ ਨਾਲ ਉਹ ਉਸ ਆਤਮਕ ਦਰਜੇ ਤੇ ਪਹੁੰਚ ਜਾਂਦੀ ਹੈ ਜਿੱਥੇ ਕੋਈ ਵਾਸਨਾ ਪੋਹ ਨਹੀਂ ਸਕਦੀ।

ਪਰ ਗੁਰੂ ਦੇ ਸਨਮੁਖ ਰਹਿਣ ਵਾਲਾ ਕੋਈ ਵਿਰਲਾ ਮਨੁੱਖ ਇਹ ਗੱਲ ਸਮਝਦਾ ਹੈ, ਉਹ (ਗੁਰਮੁਖ) ਮਨੁੱਖ ਗੁਰੂ ਦੇ ਸਬਦ ਵਿਚ ਲੀਨ ਰਹਿੰਦਾ ਹੈ, (ਆਪਣੇ ਅੰਦਰੋਂ) ਆਪਾ-ਭਾਵ ਦੂਰ ਕਰ ਲੈਂਦਾ ਹੈ, ਜਗਤ ਵਿਚ ਵਿਆਪਕ ਪਰਮਾਤਮਾ ਨਾਲ ਉਸ ਦੀ ਡੂੰਘੀ ਸਾਂਝ ਹੋ ਜਾਂਦੀ ਹੈ। ਉਹ ਮਨੁੱਖ ਮਾਇਆ ਦੇ ਮੋਹ ਤੋਂ ਬਚਿਆ ਰਹਿੰਦਾ ਹੈ, ਬੇਅੰਤ ਪ੍ਰਭੂ (ਦੇ ਪ੍ਰੇਮ) ਵਿਚ ਮਸਤ ਰਹਿੰਦਾ ਹੈ, ਸਦਾ-ਥਿਰ ਰਹਿਣ ਵਾਲਾ ਪਰਮਾਤਮਾ (ਹਰ ਵੇਲੇ ਉਸ ਦੇ) ਮਨ ਵਿਚ (ਵੱਸਿਆ ਰਹਿੰਦਾ ਹੈ), ਉਹ (ਪਰਮਾਤਮਾ ਦੇ) ਗੁਣਾਂ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖਦਾ ਹੈ। ਹੇ ਨਾਨਕ! ਉਹ ਮਨੁੱਖ ਉਸ ਪ੍ਰਭੂ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖਦਾ ਹੈ ਜਿਹੜਾ ਸਭਨੀਂ ਥਾਈਂ ਵਿਆਪਕ ਹੋ ਰਿਹਾ ਹੈ।3।